# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 23-04-2024**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਲਾ ਦੇ ਖੇਤਰ ਵਿੱਚ ਬੇਮਿਸਾਲ ਉਪਲੱਬਧੀਆਂ ਲਈ, ਪੰਜਾਬੀ ਅਦਾਕਾਰਾ ਨਿਰਮਲ ਰਿਸ਼ੀ ਨੂੰ 'ਪਦਮ ਸ਼੍ਰੀ' ਪੁਰਸਕਾਰ ਨਾਲ ਨਵਾਜਿਆ।
- ਕੇਂਦਰ ਸਰਕਾਰ ਨੇ ਮਹੀਨੇ ਵਿੱਚ ਘੱਟੋ-ਘੱਟ ਇੱਕ ਵਾਰ, ਆਧਾਰ ਬੈਂਕਿੰਗ ਵਿੱਚ ਪੈਸਿਆਂ ਦਾ ਲੈਣ-ਦੇਣ ਲਾਜ਼ਮੀ ਕਰਨ ਦੇ ਦਾਅਵਿਆਂ ਨੂੰ, ਫ਼ਰਜ਼ੀ ਦੱਸਿਆ ਏ।
- ਬਠਿੰਡਾ ਵਿਚ ਅੱਜ ਸਵੇਰੇ ਝੁਗੀਆਂ ਨੂੰ ਅੱਗ ਲੱਗਣ ਕਾਰਨ, ਦੋ ਸਕੀਆਂ ਭੈਣਾਂ ਦੀ ਮੌਤ।
- ਪੰਜਾਬ ਵਿਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਮਗਰੋਂ, ਮੌਸਮ ਵਿਭਾਗ ਨੇ 13 ਜ਼ਿਲਿਆਂ ਵਿਚ ਮੀਂਹ ਦਾ ਅਲਰਟ ਜਾਰੀ ਕੀਤਾ।

---------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਲ ਰਾਤ ਰਾਸ਼ਟਰਪਤੀ ਭਵਨ ਵਿਖੇ ਹੋਏ ਇਕ ਸਮਾਗਮ ਦੌਰਾਨ, ਸਾਲ 2024 ਲਈ ਪਦਮ ਵਿਭੂਸ਼ਣ, ਪਦਮ ਭੂਸ਼ਣ ਅਤੇ ਪਦਮ ਸ੍ਰੀ ਪੁਰਸਕਾਰ ਪ੍ਰਦਾਨ ਕੀਤੇ। ਇਸ ਸਮਾਗਮ ਵਿੱਚ ਉਪ-ਰਾਸ਼ਟਰਪਤੀ ਜਗਦੀਪ ਧਨਖੜ, ਪ੍ਰਧਾਨ ਮੰਤਰੀ ਨਰੇਂਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਹੋਰ ਪਤਵੰਤੇ ਮੌਜੂਦ ਸਨ। ਰਾਸ਼ਟਰਪਤੀ ਨੇ ਪੰਜਾਬ ਦੀ ਅਦਾਕਾਰਾ ਨਿਰਮਲ ਰਿਸ਼ੀ ਨੂੰ, ਕਲਾ ਦੇ ਖੇਤਰ ਵਿੱਚ ਉਪਲੱਬਧੀਆਂ ਲਈ, ਪਦਮ ਸ੍ਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ। ਨਿਰਮਲ ਰਿਸ਼ੀ ਪੰਜਾਬੀ ਸਿਨੇਮਾ ਦੀ ਇੱਕ ਉੱਘੀ ਸ਼ਖ਼ਸੀਅਤ ਨੇ ਅਤੇ ਉਨ੍ਹਾਂ ਨੇ ਕਲਾ ਤੇ ਸਭਿਆਚਾਰ ਦੇ ਖੇਤਰ ਵਿੱਚ ਬਹੁਤ ਵੱਡਾ ਯੋਗਦਾਨ ਪਾਇਆ ਏ। ਪਹਿਲੀ ਨਵੰਬਰ 1943 ਨੂੰ ਜਨਮੇ ਨਿਰਮਲ ਰਿਸ਼ੀ ਨੇ 1966 ਵਿੱਚ ਰਾਜਸਥਾਨ ਯੂਨੀਵਰਸਿਟੀ ਤੋਂ ਗ੍ਰੈਜੂਏਸ਼ਨ ਦੀ ਪੜ੍ਹਾਈ ਕੀਤੀ ਅਤੇ ਫਿਰ ਪੰਜਾਬੀ ਯੂਨੀਵਰਸਿਟੀ ਤੋਂ ਐੱਮ ਐੱਡ ਕੀਤੀ।

ਵੇਰਵੇ ਨਾਲ ਇਹ ਰਿਪੋਰਟ :ਡਿਸਪੈਚ: ਇੱਕ ਜਾਣੀ-ਪਛਾਣੀ ਅਦਾਕਾਰਾ ਨਿਰਮਲ ਰਿਸ਼ੀ ਪੰਜਾਬੀ ਥੀਏਟਰ ਤੇ ਫ਼ਿਲਮਾਂ ਵਿੱਚ ਆਪਣੇ ਯੋਗਦਾਨ ਲਈ ਜਾਣੇ ਜਾਂਦੇ ਨੇ । ਉਨ੍ਹਾਂ ਕਈ ਪ੍ਰਸਿੱਧ ਨਾਟਕਾਂ ਵਿੱਚ ਭੂਮਿਕਾਵਾਂ ਦੇ ਨਾਲ ਨਾਲ ਪੰਜਾਬੀ ਤੇ ਹਿੰਦੀ ਸਿਨੇਮਾ ਵਿੱਚ ਵੀ ਇਨਕਲਾਬੀ ਭੂਮਿਕਾਵਾਂ ਅਦਾ ਕੀਤੀਆਂ ਨੇ । ਸਨ 1967 ਤੋਂ ਨਿਰਮਲ ਰਿਸ਼ੀ ਨੇ ਹਰਪਾਲ ਟਿਵਾਣਾ ਤੇ ਨੀਨਾ ਟਿਵਾਣਾ ਦੀ ਪੰਜਾਬ ਕਲਾ ਮੰਚ ਇੰਟਰਨੈਸ਼ਨਲ ਕੰਪਨੀ ਨਾਲ ਕਈ ਸ਼ਲਾਘਾਯੋਗ ਨਾਟਕਾਂ ਵਿੱਚ ਅਦਾਕਾਰੀ ਕੀਤੀ ਏ । ਇਨ੍ਹਾਂ ਵਿੱਚ ਕਣਕ ਦੀ ਬੱਲੀ, ਮੇਲਾ ਮੁੰਡੇ ਕੁੜੀਆਂ ਦਾ, ਹਿੰਦ ਦੀ ਚਾਦਰ, ਸਰਹਿੰਦ ਦੀ ਦੀਵਾਰ ਸ਼ਾਮਲ ਨੇ । ਪੰਜਾਬ ਕਲਾ ਮੰਚ ਤੇ ਪੰਜਾਬੀ ਲੋਕ ਰੰਗਮੰਚ ਕੌਮਾਂਤਰੀ ਪ੍ਰੋਡਕਸ਼ਨ ਦੇ ਬੈਨਰ ਹੇਠ ਉਨ੍ਹਾਂ ਦੀ ਅਦਾਕਾਰੀ ਲਈ ਨਿਰਮਲ ਰਿਸ਼ੀ ਨੂੰ ਸਮੁਚੇ ਪੰਜਾਬ ਦੇ ਨਾਲ ਨਾਲ ਕੌਮਾਂਤਰੀ ਪੱਧਰ 'ਤੇ ਵੀ ਸ਼ਲਾਘਾ ਮਿਲੀ ।BYTE ‘ਲੌਂਗ ਦਾ ਲਿਸ਼ਕਾਰਾ’ ਫ਼ਿਲਮ ਵਿੱਚ ਉਨ੍ਹਾਂ ਵੱਲੋਂ ਨਿਭਾਇਆ ਗਿਆ ਗੁਲਾਬੋ ਮਾਸੀ ਦਾ ਕਿਰਦਾਰ ਪੂਰੀ ਦੁਨੀਆ ਦੇ ਪੰਜਾਬੀ ਦਰਸ਼ਕਾਂ ਵਿੱਚ ਬਹੁਤ ਮਸ਼ਹੂਰ ਹੋਇਆ । ਦੀਵਾ ਬਲੇ ਸਾਰੀ

***ਰਾਤ, ਸੁਨੇਹਾ ਅਤੇ ਉੱਚਾ ਦਰ ਬਾਬੇ ਨਾਨਕ ਦਾ ਉਨ੍ਹਾਂ ਦੇ ਕੁਝ ਕਾਮਯਾਬ ਸੀਰੀਅਲ ਨੇ । ਨਿਰਮਲ ਰਿਸ਼ੀ ਨੂੰ ਸਮੇਂ-ਸਮੇਂ 'ਤੇ ਵੱਖ-ਵੱਖ ਵੱਕਾਰੀ ਪੁਰਸਕਾਰਾਂ ਨਾਲ ਨਵਾਜ਼ਿਆ ਗਿਆ, ਜਿਨ੍ਹਾਂ ਵਿੱਚ ਸਾਹਿਤ ਅਕਾਦਮੀ ਪੁਰਸਕਾਰ, ਪੰਜਾਬ ਭਾਸ਼ਾ ਵਿਭਾਗ ਵੱਲੋਂ ਪੁਰਸਕਾਰ, ਪੰਜਾਬ ਕਲਾ ਪ੍ਰੀਸ਼ਦ ਪੁਰਸਕਾਰ, ਕੈਲਗਰੀ ਸਿੱਖ ਐਸੋਸੀਏਸ਼ਨ ਅਲਬਰਟਾ ਕੈਨੇਡਾ, ਟੋਰਾਂਟੋ ਵੱਲੋਂ "ਦੁਖਦੇ ਕਲੀਰੇ" ਵਿੱਚ ਨਿਰਦੇਸ਼ਨ ਤੇ ਭੂਮਿਕਾ ਲਈ ਸਨਮਾਨ ਸ਼ਾਮਲ ਨੇ । ਕੈਨੇਡਾ ਦੀ ਸੰਸਦ ਦੇ ਮੈਂਬਰਾਂ ਨੇ ਉਨ੍ਹਾਂ ਨੂੰ ਵੱਕਾਰੀ ਕੈਨੇਡਾ ਫਲੈਗ ਨਾਲ ਸਨਮਾਨਿਤ ਕੀਤਾ ।ਬਿਊਰੋ ਰਿਪੋਰਟ ਨਾਲ ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਇੰਚਾਰਜ ਵਿਜੇ ਰੁਪਾਨੀ ਦੀ ਪ੍ਰਧਾਨਗੀ ਹੇਠ, ਜਲੰਧਰ ਲੋਕ ਸਭਾ ਹਲਕੇ ਦੀਆਂ ਚੋਣਾਂ ਦੀਆਂ ਤਿਆਰੀਆਂ ਸਬੰਧੀ, ਜਥੇਬੰਦਕ ਮੀਟਿੰਗ BJP ਦੇ ਸੂਬਾ ਦਫ਼ਤਰ ਵਿਖੇ ਅੱਜ ਹੋਈ । ਇਸ ਮੌਕੇ ਵਿਜੇ ਰੂਪਾਨੀ ਨੇ ਕਿਹਾ ਕਿ BJP ਹੀ ਇਕ

ਅਜਿਹੀ ਪਾਰਟੀ ਏ, ਜਿਸ ਨੇ ਹਰ ਭਾਰਤੀ ਦੀਆਂ ਉਮੀਦਾਂ ਮੁਤਾਬਕ ਨੀਤੀਆਂ ਬਣਾਈਆਂ ਨੇ ਅਤੇ ਉਨ੍ਹਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਏ। ਉਨ੍ਹਾਂ ਕਿਹਾ ਕਿ ਇਸ ਸਮੇਂ ਇੱਕ ਪਾਸੇ ਰਾਸ਼ਟਰਵਾਦੀ ਲੋਕ ਨੇ ਅਤੇ ਦੂਜੇ ਪਾਸੇ ਉਹ ਲੋਕ ਨੇ, ਜਿਹੜੇ ਭਾਰਤ ਦਾ ਭਲਾ ਨਹੀਂ ਚਾਹੁੰਦੇ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਨੇ ਗਰੀਬਾਂ, ਸ਼ੋਸ਼ਿਤ ਅਤੇ ਪੀੜਤਾਂ ਲਈ ਜ਼ਮੀਨੀ ਪੱਧਰ ‘ਤੇ ਵਿਕਾਸ ਦੀਆਂ ਨੀਤੀਆਂ ਲਾਗੂ ਕੀਤੀਆਂ ਨੇ। ਇਸ ਮੌਕੇ ਤੇ ਸੂਬਾ ਸੰਗਠਨ ਮੰਤਰੀ ਸ੍ਰੀਨਿਵਾਸਲੂ, ਸੂਬਾ ਜਨਰਲ ਸਕੱਤਰ ਤੇ ਜ਼ੋਨਲ ਇੰਚਾਰਜ ਜਗਮੋਹਨ ਸਿੰਘ ਰਾਜੂ, ਸੂਬਾ ਜਨਰਲ ਸਕੱਤਰ ਰਾਕੇਸ਼ ਰਾਠੌਰ, ਜਲੰਧਰ ਤੋਂ ਪਾਰਟੀ ਦੇ ਉਮੀਦਵਾਰ ਸੁਸ਼ੀਲ ਰਿੰਕੂ, ਕੌਮੀ ਕਾਰਜ-ਕਾਰਨੀ ਮੈਂਬਰ ਮਨੋਰੰਜਨ ਕਾਲੀਆ ਅਤੇ ਜ਼ਿਲ੍ਹਾ ਪ੍ਰਧਾਨ ਸੁਸ਼ੀਲ ਸ਼ਰਮਾ ਵੀ ਮੀਟਿੰਗ ਵਿਚ ਮੌਜੂਦ ਰਹੇ।

-----------------------------------------------------------

ਸ਼੍ਰੋਮਣੀ ਅਕਾਲੀ ਦਲ ਵੱਲੋਂ, ਬਠਿੰਡਾ ਲੋਕਾ ਸਭਾ ਹਲਕੇ ਤੋਂ ਉਮੀਦਵਾਰ ਬਣਾਏ ਜਾਣ ਤੋਂ ਬਾਅਦ, ਹਰਸਿਮਰਤ ਕੌਰ ਬਾਦਲ ਅੱਜ ਬਠਿੰਡਾ ਪਹੁੰਚੇ ਅਤੇ ਗੁਰਦੁਆਰਾ ਕਿਲਾ ਮੁਬਾਰਕ ਸਾਹਿਬ ਵਿਖੇ ਅਰਦਾਸ ਕਰ

ਕੇ, ਉਨਾਂ ਆਪਣੀ ਚੋਣ ਮੁਹਿੰਮ ਦਾ ਆਗਾਜ਼ ਕੀਤਾ । ਇਸ ਉਪਰੰਤ ਉਹਨਾਂ ਮੁਸਲਿਮ ਭਾਈਚਾਰੇ ਨਾਲ ਵੀ ਮੁਲਾਕਾਤ ਕੀਤੀ ਅਤੇ ਮੰਦਰ ਸ਼੍ਰੀ ਬਾਲਾ ਜੀ, ਲਾਲ ਸਿੰਘ ਨਗਰ ਵਿਖੇ ਮੱਥਾ ਟੇਕਿਆ । ਮੀਡੀਆ ਨਾਲ ਗੱਲਬਾਤ ਕਰਦਿਆਂ, ਹਰਸਿਮਰਤ ਕੌਰ ਬਾਦਲ ਨੇ ਕਿਹਾ ਉਹ ਪੰਜਾਬ ਦੇ ਲੋਕਾਂ ਦੇ ਮੁੱਦਿਆਂ ਦੇ ਆਧਾਰ 'ਤੇ ਚੋਣ ਲੜ ਰਹੇ ਨੇ। ਉਨਾਂ ਕਿਹਾ ਕਿ ਇਸ ਸਮੇਂ ਪੰਜਾਬ ਵਿੱਚ ਬੇਰੁਜਗਾਰੀ ਅਤੇ ਨਸ਼ੇ ਹੀ ਮੁੱਖ ਮੁਦਾ ਨੇ।

---------------------------------------------------------------

ਲੋਕ ਸਭਾ ਚੋਣਾਂ ਤੋਂ ਪਹਿਲਾਂ ਸੂਬੇ ਵਿੱਚ ਦਲ-ਬਦਲੀ ਦਾ ਦੌਰ ਜਾਰੀ ਏ। ਅੱਜ ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਦੇ ਮੀਤ ਪ੍ਰਧਾਨ, ਰੋਬਿਨ ਸਾਂਪਲਾ BJP ਛੱਡ ਕੇ, ਆਮ ਆਦਮੀ ਪਾਰਟੀ ਵਿਚ ਸ਼ਾਮਲ ਹੋ ਗਏ । ਚੰਡੀਗੜ੍ਹ ਵਿਚ ਮੁੱਖ ਮੰਤਰੀ ਭਗਵੰਤ ਮਾਨ ਨੇ, ਰੋਬਿਨ ਸਾਂਪਲਾ ਦਾ ਪਾਰਟੀ ਵਿੱਚ ਸਵਾਗਤ ਕੀਤਾ। ਇਸ ਮੌਕੇ ਤੇ ਜਲੰਧਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਰਮਨ ਅਰੋੜਾ ਵੀ ਮੌਜੂਦ ਸਨ।

---

ਪਟਿਆਲਾ ਦੇ ਜ਼ਿਲ੍ਹਾ ਚੋਣ ਅਫ਼ਸਰ ਸ਼ੌਕਤ ਅਹਿਮਦ ਪਰੇ ਨੇ ਜ਼ਿਲ੍ਹੇ ਦੇ ਸਮੂਹ ਪ੍ਰਾਈਵੇਟ ਸਕੂਲਾਂ ਦੇ ਮੁਖੀਆਂ ਨੂੰ ਨਿਰਦੇਸ਼ ਦਿੱਤੇ ਨੇ, ਕਿ ਉਹ ਆਪੋ-ਆਪਣੇ ਸਕੂਲਾਂ ਵਿੱਚ ਲੋਕ ਸਭਾ ਚੋਣਾਂ- 2024 ਦੌਰਾਨ ਵੋਟਰ ਜਾਗਰੂਕਤਾ ਮੁਹਿੰਮ ਚਲਾਉਣ । ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ, ਪਟਿਆਲਾ ਦੇ 87 ਸਕੂਲਾਂ ਦੇ ਮੁਖੀਆਂ ਤੇ ਨੁਮਾਇੰਦਿਆਂ ਨਾਲ ਇੱਕ ਅਹਿਮ ਬੈਠਕ ਕਰਦਿਆਂ, ਉਨਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਮਜ਼ਬੂਤ ਲੋਕਤੰਤਰ ਲਈ ਸਾਰੇ ਵਿਦਿਆਰਥੀਆਂ ਨੂੰ ਲੋਕਤੰਤਰ ਦੇ ਸਭ ਤੋਂ ਵੱਡੇ ਤਿਉਹਾਰ 'ਚੋਣਾਂ' ਨਾਲ ਜਰੂਰ ਜੋੜਿਆ ਜਾਵੇ । ਉਨਾਂ ਕਿਹਾ ਕਿ ਸਦੀਆਂ ਦੀ ਗੁਲਾਮੀ ਬਾਅਦ ਪ੍ਰਾਪਤ ਹੋਈ ਆਜ਼ਾਦੀ ਕਰਕੇ ਸਾਨੂੰ ਵੋਟ ਪਾਉਣ ਦਾ ਇਹ ਹੱਕ ਮਿਲਿਆ ਏ, ਇਸ ਲਈ ਹਰੇਕ ਨਾਗਰਿਕ ਇਸ ਹੱਕ ਦੀ ਵਰਤੋਂ ਬਿਨ੍ਹਾਂ ਕਿਸੇ ਡਰ-ਭੈਅ, ਦਬਾਅ ਜਾਂ ਲਾਲਚ ਤੋਂ ਬਗੈਰ ਲਾਜ਼ਮੀ ਤੌਰ ਤੇ ਕਰੇ ।

---

ਲੁਧਿਆਣਾ ਵਿਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ ਈ.ਵੀ.ਐਮ. ਦੇ

ਕੰਮਕਾਜ ਬਾਰੇ ਸੈਕਟਰ ਅਫਸਰਾਂ ਅਤੇ ਸੁਪਰਵਾਈਜ਼ਰਾਂ ਨੂੰ ਜਾਣੂ ਕਰਵਾਉਣ ਲਈ, ਸਹਾਇਕ ਰਿਟਰਨਿੰਗ ਅਫਸਰਾਂ ਨੇ ਆਪੋ-ਆਪਣੇ ਹਲਕਿਆਂ ਵਿੱਚ ਇੱਕ ਸਿਖਲਾਈ ਸੈਸ਼ਨ ਦਾ ਆਯੋਜਨ ਕੀਤਾ। ਇਹ ਸੈਸ਼ਨ ਲੁਧਿਆਣਾ ਪੂਰਬੀ, ਲੁਧਿਆਣਾ ਉੱਤਰੀ, ਸਮਰਾਲਾ, ਰਾਏਕੋਟ ਅਤੇ ਜਗਰਾਉਂ ਹਲਕਿਆਂ ਵਿੱਚ ਕਰਵਾਏ ਗਏ। ਨਗਰ ਨਿਗਮ ਦੇ ਸੰਯੁਕਤ ਕਮਿਸ਼ਨਰ ਲੁਧਿਆਣਾ ਪੂਰਬੀ ਚੇਤਨ ਬੰਗੜ ਨੇ ਦੱਸਿਆ ਕਿ ਜ਼ਿਲ੍ਹਾ ਚੋਣ ਅਫ਼ਸਰ-ਤੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੇ ਦਿਸ਼ਾ-ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਈ.ਵੀ.ਐਮ. ਦੇ ਕੰਮਕਾਜ ਬਾਰੇ ਸੈਕਟਰ ਅਫ਼ਸਰਾਂ ਅਤੇ ਸੁਪਰਵਾਈਜ਼ਰਾਂ ਨੂੰ ਜਾਗਰੂਕ ਕਰਨ ਲਈ ਸਿਖਲਾਈ ਸੈਸ਼ਨ ਆਯੋਜਿਤ ਕੀਤੇ ਜਾ ਰਹੇ ਨੇ। ਉਨ੍ਹਾਂ ਕਿਹਾ ਕਿ ਸੈਕਟਰ ਅਫਸਰ ਅਤੇ ਸੁਪਰਵਾਈਜ਼ਰ ਵੋਟਿੰਗ ਦੌਰਾਨ, ਪ੍ਰੀ-ਜ਼ਾਈਡਿੰਗ ਅਫਸਰਾਂ ਦੀ ਸਹਾਇਤਾ ਕਰਦੇ ਨੇ, ਇਸ ਲਈ ਉਨ੍ਹਾਂ ਨੂੰ ਈ.ਵੀ.ਐਮ. ਦੇ ਕੰਮਕਾਜ ਬਾਰੇ ਸਿਖਲਾਈ ਦਿੱਤੀ ਜਾਣੀ ਚਾਹੀਦੀ ਏ। ਇਸ ਮੰਤਵ ਲਈ ਚੋਣ ਕਮਿਸ਼ਨ ਵੱਲੋਂ ਵੱਖਰੀ ਈ.ਵੀ.ਐਮ. ਮੁਹੱਈਆ ਕਰਵਾਈ ਜਾਂਦੀ ਏ ਅਤੇ ਉਨ੍ਹਾਂ ਮਸ਼ੀਨਾਂ ਦੀ ਵਰਤੋਂ ਕਰਕੇ ਹੀ ਸਿਖਲਾਈ ਦਿੱਤੀ ਜਾਂਦੀ ਏ।

---------------------------------------------------

ਕੇਂਦਰ ਸਰਕਾਰ ਨੇ ਮਹੀਨੇ ਵਿੱਚ ਘੱਟੋ-ਘੱਟ ਇੱਕ ਵਾਰ ਆਧਾਰ ਬੈਂਕਿੰਗ ਵਿੱਚ ਪੈਸਿਆਂ ਦਾ ਲੈਣ-ਦੇਣ ਲਾਜ਼ਮੀ ਕਰਨ ਦੇ ਦਾਅਵਿਆਂ ਨੂੰ ਖਾਰਜ ਕਰ ਦਿੱਤਾ ਏ। ਅਜਿਹੇ ਦਾਅਵਿਆਂ ਨੂੰ ਫਰਜ਼ੀ ਦੱਸਦੇ ਹੋਏ, ਤਥਾਂ ਦੀ ਜਾਂਚ ਬਾਰੇ PIB ਯੂਨਿਟ ਨੇ, ਇਸ ਤੱਥ ਤੋਂ ਇਨਕਾਰ ਕੀਤਾ ਏ, ਕਿ ਭਾਰਤੀ ਰਿਜ਼ਰਵ ਬੈਂਕ RBI ਵਲੋਂ ਨਵੇਂ ਅਪਡੇਟਾਂ ਨੇ ਲੋਕਾਂ ਲਈ ਹਰ ਮਹੀਨੇ ਆਧਾਰ ਰਾਹੀਂ, ਪੈਸੇ ਦਾ ਲੈਣ-ਦੇਣ ਕਰਨਾ ਲਾਜ਼ਮੀ ਕਰ ਦਿੱਤਾ ਏ। ਇਸ ਵਿੱਚ ਕਿਹਾ ਗਿਆ ਏ, ਕਿ ਅਜਿਹਾ ਕਰਨ ਵਿੱਚ ਅਸਫਲ ਰਹਿਣ ਨਾਲ ਗਾਹਕ ਦੀ ਆਧਾਰ ਲੈਣ-ਦੇਣ ਦੀ ਸਹੂਲਤ ਨੂੰ ਲਾਕ ਨਹੀਂ ਕੀਤਾ ਜਾਵੇਗਾ ਜਿਵੇਂ ਕਿ ਦਾਅਵਾ ਕੀਤਾ ਗਿਆ ਏ। PIB ਨੇ ਸਪੱਸ਼ਟ ਕੀਤਾ ਏ ਕਿ ਸੇਵਾਵਾਂ ਨੂੰ ਕਿਰਿਆਸ਼ੀਲ ਰੱਖਣ ਲਈ, ਹਰ ਮਹੀਨੇ ਲਾਜ਼ਮੀ ਆਧਾਰ ਸਮਰਥਿਤ ਭੁਗਤਾਨ ਪ੍ਰਣਾਲੀ ਲੈਣ-ਦੇਣ ਵਾਸਤੇ , ਖਾਤਾ ਧਾਰਕਾਂ ਲਈ ਅਜਿਹੇ ਕੋਈ ਦਿਸ਼ਾ-ਨਿਰਦੇਸ਼ ਜਾਰੀ ਨਹੀਂ ਕੀਤੇ ਗਏ ਨੇ।

---------------------------------------------------------

ਭਗਵਾਨ ਸ਼੍ਰੀ ਰਾਮ ਜੀ ਦੇ ਪਰਮ ਭਗਤ ਹਨੂਮਾਨ ਜੀ ਦਾ ਅੱਜ ਜਨਮ ਉਤਸਵ ਏ। ਹਰ ਵਰੇ ਚੇਤ ਮਹੀਨੇ ਦੀ ਪੂਰਨਮਾਸ਼ੀ ਨੂੰ ਇਹ ਉਤਸਵ ਮਨਾਇਆ ਜਾਂਦਾ ਏ। ਇਸ ਸ਼ੁਭ ਮੌਕੇ ਤੇ ਮੰਦਰਾਂ ਵਿਚ ਸਵੇਰ ਤੋਂ ਹੀ ਭਗਵਾਨ ਹਨੂਮਾਨ ਜੀ ਦੀ ਪੂਜਾ ਅਰਚਨਾ ਪੂਰੀ ਸ਼ਰਧਾ ਨਾਲ ਕੀਤੀ ਜਾ ਰਹੀ ਏ। ਸ਼੍ਰੀ ਹਨੂਮਾਨ ਚਾਲੀਸਾ ਵਿਚਾਲੇ ਹਨੂਮਾਨ ਜੀ ਨੂੰ ਲਾਲ ਰੰਗ ਦੇ ਫਲ, ਫੁੱਲ, ਸਿੰਦੂਰ, ਲੱਡੂ, ਗੁੜ ਅਤੇ ਛੋਲੇ ਅਰਪਿਤ ਕੀਤੇ ਜਾ ਰਹੇ ਨੇ। ਅੰਜਨਾ ਅਤੇ ਕੇਸਰੀ ਦੇ ਪੁੱਤਰ ਸ਼੍ਰੀ ਹਨੂੰਮਾਨ ਜੀ ਨੂੰ ਵਾਨਰ ਦੇਵਤਾ, ਬਜਰੰਗ ਬਲੀ, ਮਾਰੂਤੀ ਨੰਦਨ, ਪਵਨ ਪੁੱਤਰ, ਵੀਰ ਹਨੂੰਮਾਨ ਅਤੇ ਸੰਕਟ ਮੋਚਕ ਸਮੇਤ ਵੱਖ-ਵੱਖ ਨਾਵਾਂ ਨਾਲ ਜਾਣਿਆ ਜਾਂਦਾ ਏ, ਜਿਹੜੇ ਆਪਣੇ ਸ਼ਰਧਾਲੂਆਂ ਦੀਆਂ ਸਾਰੀਆਂ ਪ੍ਰੇਸ਼ਾਨੀਆਂ ਨੂੰ ਦੂਰ ਕਰਦੇ ਨੇ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਨੂੰਮਾਨ ਜਨਮ ਉਤਸਵ ਦੇ ਮੌਕੇ 'ਤੇ ਲੋਕਾਂ ਨੂੰ ਵਧਾਈ ਦਿੱਤੀ ਏ । ਇੱਕ ਸੋਸ਼ਲ ਮੀਡੀਆ ਪੋਸਟ

ਵਿੱਚ, ਭਗਵਾਨ ਹਨੂੰਮਾਨ ਜੀ ਨੂੰ ਯਾਦ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਪਵਨ ਪੁੱਤਰ ਦਾ ਸਮਰਪਣ ਸਾਰੇ ਰਾਮ ਭਗਤਾਂ ਲਈ ਪ੍ਰੇਰਣਾਦਾਇਕ ਏ । ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਾਮਨਾ ਕੀਤੀ , ਕਿ ਭਗਵਾਨ ਹਨੂੰਮਾਨ ਜੀ ਦੇ ਆਸ਼ੀਰਵਾਦ ਨਾਲ ਵਿਕਸਿਤ ਭਾਰਤ ਨੂੰ ਨਵੀਂ ਊਰਜਾ ਮਿਲੇਗੀ।

------------------------------------------------

ਬਠਿੰਡਾ ਦੀ ਉਡੀਆ ਕਾਲੋਨੀ ਵਿਚ ਅੱਜ ਸਵੇਰੇ ਝੁਗੀਆਂ ਨੂੰ ਅੱਗ ਲੱਗਣ ਕਾਰਨ ਦੋ ਸਕੀਆਂ ਭੈਣਾਂ ਦੀ ਝੁਲਸਨ ਕਾਰਨ ਮੌਤ ਹੋ ਗਈ। ਸਵੇਰ ਸਮੇਂ ਕਾਲੋਨੀ ਵਿੱਚ ਕੋਈ 20 ਝੁਗੀਆਂ ਨੂੰ ਅੱਗ ਨੇ ਆਪਣੀ ਲਪੇਟ ਵਿਚ ਲੈ ਲਿਆ। ਉਸ ਵੇਲੇ ਜ਼ਿਆਦਾਤਰ ਲੋਕ ਸੁੱਤੇ ਹੋਏ ਸਨ। ਦੱਸਿਆ ਜਾ ਰਿਹਾ ਏ ਕਿ ਜਦੋਂ ਇਕ ਪਰਿਵਾਰ ਖਾਣਾ ਬਣਾ ਰਿਹਾ ਸੀ ਤਾਂ ਅਚਾਨਕ ਅੱਗ ਲੱਗ ਗਈ । ਤੇਜ ਹਵਾ ਕਾਰਨ, ਦੇਖਦਿਆਂ ਹੀ ਦੇਖਦਿਆਂ ਇਹ ਅੱਗ ਚਾਰੇ ਪਾਸੇ ਫੈਲ੍ਹ ਗਈ। ਮ੍ਰਿਤਕ ਕੁੜੀਆਂ ਦੇ ਪਿਤਾ ਨੇ ਦੱਸਿਆ ਕਿ ਉਨ੍ਹਾਂ ਦੀਆਂ ਕੁੜੀਆਂ ਅੱਗ ਤੋਂ ਬਚਣ ਲਈ ਦੂਜੇ ਕਮਰੇ ਵਿੱਚ ਲੁਕ ਗਈਆਂ ਸਨ ਪਰ ਅੱਗ ਨਾਲ ਕਮਰੇ ਵਿੱਚ ਪਿਆ ਗੈਸ ਸਿਲੰਡਰ ਫਟ

ਗਿਆ, ਜਦੋਂ ਉਹ ਕਮਰੇ ਵਿਚ ਪਹੁੰਚੇ ਤਾਂ ਦੋਵੇਂ ਬੁਰੀ ਤਰ੍ਹਾਂ ਝੁਲਸੀਆ ਹੋਈਆਂ ਸਨ । ਉਨਾਂ ਨੂੰ ਤੁਰੰਤ ਸਰਕਾਰੀ ਹਸਪਤਾਲ ਵਿੱਚ ਲੈ ਕੇ ਗਏ, ਜਿੱਥੇ ਡਾਕਟਰਾਂ ਨੇ ਦੋਵਾਂ ਨੂੰ ਮ੍ਰਿਤਕ ਐਲਾਨ ਦਿੱਤਾ ।

---------------------------------------------------------------

ਸਰਵ-ਵਿਆਪਕ ਟੀਕਾਕਾਰਨ ਪ੍ਰੋਗਰਾਮ ਦੇ 50 ਸਾਲ ਪੂਰੇ ਹੋਣ 'ਤੇ ਵਿਸ਼ਵ ਟੀਕਾਕਰਨ ਹਫ਼ਤਾ ਮਨਾਇਆ ਜਾ ਰਿਹਾ ਏ, ਜਿਸ ਤਹਿਤ ਪੰਜਾਬ ਵਿਚ 24 ਤੋਂ 30 ਅਪ੍ਰੈਲ ਤਕ ਵਿਸ਼ੇਸ਼ ਟੀਕਾਕਰਨ ਕੈਂਪ ਲਗਾਏ ਜਾ ਰਹੇ ਨੇ। ਮੋਹਾਲੀ ਦੇ ਸਿਵਲ ਸਰਜਨ ਡਾ. ਦਵਿੰਦਰ ਕੁਮਾਰ ਅਤੇ ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੇ ਦਸਿਆ ਕਿ ਕਿਸੇ ਕਾਰਨ ਟੀਕਾਕਰਨ ਤੋਂ ਵਾਂਝੇ ਰਹੇ ਬੱਚਿਆਂ ਤੇ ਗਰਭਵਤੀ ਔਰਤਾਂ ਨੂੰ ਕੈਂਪਾਂ ਵਿਚ ਕਵਰ ਕੀਤਾ ਜਾਵੇਗਾ। ਇਸ ਕੈਂਪ ਰਾਹੀਂ ਵਿਸ਼ੇਸ਼ ਤੌਰ ਤੇ ਪ੍ਰਵਾਸੀ ਆਬਾਦੀ ਵਾਲੇ ਖੇਤਰਾਂ, ਝੁੱਗੀਆਂ ਤੇ ਬਸਤੀਆਂ ਵਿਚ ਰਹਿਣ ਵਾਲੀਆਂ ਗਰਭਵਤੀ ਔਰਤਾਂ ਅਤੇ ਛੋਟੇ ਬੱਚਿਆਂ ਦਾ ਟੀਕਾਕਰਨ ਕੀਤਾ ਜਾਵੇਗਾ। ਉਨ੍ਹਾਂ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਵਿਸ਼ੇਸ਼ ਕੈਂਪਾਂ ਦਾ ਵੱਧ ਤੋਂ ਵੱਧ ਲਾਭ ਲੈਣ ਅਤੇ ਕਿਸੇ ਕਾਰਨ ਵਾਂਝੇ ਰਹਿ

ਗਏ ਬੱਚਿਆਂ ਅਤੇ ਗਰਭਵਤੀ ਔਰਤਾਂ ਦਾ ਟੀਕਾਕਰਨ ਕਰਵਾਇਆ ਜਰੂਰ ਕਰਵਾਇਆ ਜਾਵੇ।

---------------------------------------------------------------

ਪੰਜਾਬ ਵਿੱਚ ਮੌਸਮ ਵਿਭਾਗ ਨੇ ਮਾਨਸਾ, ਸੰਗਰੂਰ, ਬਰਨਾਲਾ, ਪਟਿਆਲਾ, ਫਤਿਹਗੜ੍ਹਸਾਹਿਬ, ਬਠਿੰਡਾ , ਲੁਧਿਆਣਾ, ਮੋਗਾ, ਫ਼ਿਰੋਜ਼ਪੁਰ, ਜਲੰਧਰ, ਤਰਨਤਾਰਨ, ਕਪੂਰਥਲਾ ਅਤੇ ਅੰਮ੍ਰਿਤਸਰ ਜ਼ਿਲਿਆਂ ਵਿੱਚ ਬਾਰਿਸ਼ ਨੂੰ ਲੈ ਕੇ ਅਲਰਟ ਜਾਰੀ ਕੀਤਾ ਏ। ਮੌਸਮ ਵਿਚ ਇਹ ਤਬਦੀਲੀ ਇੱਕ ਵਾਰ ਫਿਰ ਸਰਗਰਮ ਪੱਛਮੀ ਗੜਬੜੀ ਦੇ ਕਾਰਨ ਆਈ ਏ। ਸੂਬੇ ਦੇ ਕਈ ਇਲਾਕਿਆਂ ਵਿੱਚ ਸਵੇਰ ਤੋਂ ਹੀ ਹਲਕੀ ਬੱਦਲਵਾਈ ਬਣੀ ਹੋਈ ਏ। ਜਲੰਧਰ ਸ਼ਹਿਰ ਤੇ ਆਲੇ ਦੁਆਲੇ ਦੇ ਇਲਾਕਿਆਂ ਵਿਚ ਸਵੇਰੇ ਸਮੇਂ ਕੁਛ ਦੇਰ ਲਈ ਕਿਣ ਮਿਣ ਵੀ ਹੋਈ ਹਾਲਾਂਕਿ ਮਗਰੋਂ ਮੌਸਮ ਸਾਫ ਹੋ ਗਿਆ। ਮੌਸਮ ਵਿਭਾਗ ਅਨੁਸਾਰ ਯੈਲੋ ਅਲਰਟ ਦੇ ਚੱਲਦਿਆਂ ਬਾਰਿਸ਼ ਦੇ ਨਾਲ-ਨਾਲ 40 ਕਿਲੋਮੀਟਰ ਦੀ ਰਫਤਾਰ ਨਾਲ ਹਵਾਵਾਂ ਵੀ ਵੱਗ ਸਕਦੀਆਂ

ਨੇ । ਇਸ ਬਦਲੇ ਮੌਸਮ ਨਾਲ ਹੀ ਪਿਛਲੇ ਦੋ ਦਿਨਾਂ ਤੋਂ ਵੱਧ ਰਹੀ ਗਰਮੀ ਤੋਂ ਲੋਕਾਂ ਨੂੰ ਕੁਝ ਰਾਹਤ ਮਿਲੀ ਏ ।

---------------------------------------------------

**ਅਖੀਰ ਵਿਚ ਖ਼ਾਸ ਖਬਰਾਂ ਇਕ ਵਾਰ ਫੇਰ ਤੋਂ**

- ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਕਲਾ ਦੇ ਖੇਤਰ ਵਿੱਚ ਬੇਮਿਸਾਲ ਉਪਲੱਬਧੀਆਂ ਲਈ, ਪੰਜਾਬੀ ਅਦਾਕਾਰਾ ਨਿਰਮਲ ਰਿਸ਼ੀ ਨੂੰ 'ਪਦਮ ਸ੍ਰੀ' ਪੁਰਸਕਾਰ ਨਾਲ ਨਵਾਜਿਆ ।
- ਕੇਂਦਰ ਸਰਕਾਰ ਨੇ ਮਹੀਨੇ ਵਿੱਚ ਘੱਟੋ-ਘੱਟ ਇੱਕ ਵਾਰ, ਆਧਾਰ ਬੈਂਕਿੰਗ ਵਿੱਚ ਪੈਸਿਆਂ ਦਾ ਲੈਣ-ਦੇਣ ਲਾਜ਼ਮੀ ਕਰਨ ਦੇ ਦਾਅਵਿਆਂ ਨੂੰ, ਫ਼ਰਜ਼ੀ ਦੱਸਿਆ ਏ ।
- ਬਠਿੰਡਾ ਵਿਚ ਅੱਜ ਸਵੇਰੇ ਝੁਗੀਆਂ ਨੂੰ ਅੱਗ ਲੱਗਣ ਕਾਰਨ, ਦੋ ਸਕੀਆਂ ਭੈਣਾਂ ਦੀ ਮੌਤ ।
- ਪੰਜਾਬ ਵਿਚ ਪੱਛਮੀ ਗੜਬੜੀ ਦੇ ਸਰਗਰਮ ਹੋਣ ਮਗਰੋਂ, ਮੌਸਮ ਵਿਭਾਗ ਨੇ 13 ਜ਼ਿਲਿਆਂ ਵਿਚ ਮੀਂਹ ਦਾ ਅਲਰਟ ਜਾਰੀ ਕੀਤਾ ।